**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 15-05-2024**

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਪੋਡਕਾਸਟ ਦੇ ਚੌਥੇ ਐਪੀਸੋਡ ਵਿਚ ਕੇ.ਵਾਈ.ਸੀ, ਸਕਸ਼ਮ, ਵੋਟਰ ਹੈਲਪਲਾਈਨ ਅਤੇ ਚੋਣ ਕਮਿਸ਼ਨ ਦੇ ਵੱਖ-ਵੱਖ ਮੋਬਾਇਲ ਐਪਾਂ ਬਾਰੇ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ ਏ।
- ਚੋਣ ਡਿਊਟੀ ਕਰਨ ਵਾਲੀਆਂ ਪੰਜਾਬ ਦੀਆਂ ਮਿਡ ਡੇ ਮੀਲ ਅਤੇ ਆਸ਼ਾ ਵਰਕਰਾਂ ਨੂੰ 200 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਮਾਣ ਭੱਤਾ ਦਿੱਤਾ ਜਾਵੇਗਾ।
- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਵਿਰੋਧੀਆਂ ਤੇ ਕਿਸਾਨਾਂ ਨੂੰ ਆਪਣਾ ਮੋਹਰਾ ਬਣਾ ਕੇ ਸਿਆਸੀ ਇਸਤੇਮਾਲ ਕਰਨ ਦਾ ਦੋਸ਼ ਲਗਾਇਆ।

- ਸ਼ਹੀਦ ਸੁਖਦੇਵ ਨੂੰ ਉਨਾਂ ਦੇ 117ਵੇਂ ਜਨਮ ਦਿਨ ਮੌਕੇ ਨਿੱਘੀਆਂ ਸ਼ਰਧਾਂਜਲੀਆਂ ਭੇਂਟ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਚਲਾਏ ਜਾ ਰਹੇ ਪੋਡਕਾਸਟ ਦਾ ਚੌਥਾ ਐਪੀਸੋਡ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂ ਟਿਊਬ ‘ਤੇ ਰਿਲੀਜ਼ ਕਰ ਦਿੱਤਾ ਗਿਆ ਏ। ਇਸ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕੇ.ਵਾਈ.ਸੀ, ਸਕਸ਼ਮ, ਵੋਟਰ ਹੈਲਪਲਾਈਨ ਅਤੇ ਚੋਣ ਕਮਿਸ਼ਨ ਦੇ ਵੱਖ-ਵੱਖ ਮੋਬਾਇਲ ਐਪਾਂ ਬਾਰੇ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ ਏ। ਉਨ੍ਹਾਂ ਦੱਸਿਆ ਕਿ ਕਿਸੇ ਵੀ ਉਮੀਦਵਾਰ ਦੇ ਵੇਰਵੇ ਅਤੇ ਜਮ੍ਹਾਂ ਕਰਵਾਏ ਐਫੀਡੈਵਟਾਂ ਬਾਬਤ ਜਾਣਕਾਰੀ ਕੇ.ਵਾਈ.ਸੀ ਐਪ ਨੋ ਯੂਅਰ ਕੈਂਡੀਡੇਟ ਤੋਂ ਲਈ ਜਾ ਸਕਦੀ ਏ। ਇਸ ਐਪ ਨੂੰ ਐਨਡਰਾਇਡ/ਆਈਫੋਨ ਮੋਬਾਇਲ ਵਿਚ ਡਾਊਨਲੋਡ ਕੀਤਾ ਜਾ ਸਕਦਾ ਏ। ਮੁੱਖ ਚੋਣ ਅਧਿਕਾਰੀ ਦਫਤਰ ਵੱਲੋਂ ਆਈ.ਟੀ. ਖੇਤਰ ਵਿਚ ਸ਼ੁਰੂ ਕੀਤੀਆਂ ਕਈ ਪਹਿਲਕਦਮੀਆਂ ਬਾਬਤ ਵੀ ਸਿਬਿਨ ਸੀ ਨੇ ਇਸ ਐਪੀਸੋਡ ਵਿਚ

ਦੱਸਿਆ ਅਤੇ ਕਿਹਾ ਕਿ ਵੋਟ ਕੇਂਦਰਾਂ ਤੇ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਅਧਿਕਾਰੀਆਂ ਵੱਲੋਂ ਬਹੁਤ ਵਧੀਆਂ ਬੰਦੋਬਸਤ ਕੀਤੇ ਜਾ ਰਹੇ ਨੇ ਇਸ ਲਈ ਸਾਰੇ ਵੋਟਰ ਪਹਿਲੀ ਜੂਨ ਨੂੰ ਆਪਣੀ ਵੋਟ ਦੀ ਵਰਤੋਂ ਜ਼ਰੂਰ ਕਰਨ ਤੇ 'ਇਸ ਵਾਰ 70 ਪਾਰ' ਦੇ ਟੀਚੇ ਦੀ ਪੂਰਤੀ ਵਿਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਅਪੀਲ ਕੀਤੀ ਏ ਕਿ ਚੋਣਾਂ ਦੀ ਤਾਜ਼ਾ ਅਤੇ ਪੁਖਤਾ ਜਾਣਕਾਰੀ ਲਈ ਮੁੱਖ ਚੋਣ ਅਧਿਕਾਰੀ ਦੇ ਦਫਤਰ ਵੱਲੋਂ ਚਲਾਏ ਜਾ ਰਹੇ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ ਅਤੇ ਵਟਸਐਪ ਚੈੱਨਲ 'ਚੀਫ਼ ਇਲੈਕਟੋਰਲ ਆਫਿਸਰ, ਪੰਜਾਬ' ਨੂੰ ਜ਼ਰੂਰ ਫਾਲੋ/ਸਬਸਕ੍ਰਾਈਬ ਕੀਤਾ ਜਾਵੇ।

---------------------------------------------------------------

ਇਸ ਦੌਰਾਨ ਮੁਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਏ ਕਿ ਲੋਕ ਸਭਾ ਚੋਣਾਂ ਦੌਰਾਨ ਚੋਣ ਡਿਊਟੀ ਕਰਨ ਵਾਲੀਆਂ ਪੰਜਾਬ ਦੀਆਂ ਮਿਡ ਡੇ ਮੀਲ ਅਤੇ ਆਸ਼ਾ ਵਰਕਰਾਂ ਨੂੰ 200 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਮਾਣ ਭੱਤਾ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਪੋਲਿੰਗ ਪਾਰਟੀਆਂ ਵਾਸਤੇ ਖਾਣਾ ਤਿਆਰ ਕਰਨ ਲਈ ਮਿਡ ਡੇ ਮੀਲ ਵਰਕਰਾਂ ਦੀ ਡਿਊਟੀ

ਲਗਾਈ ਜਾਣੀ ਏ। ਇਸ ਤੋਂ ਇਲਾਵਾ ਪਹਿਲੀ ਜੂਨ ਵੋਟਾਂ ਵਾਲੇ ਦਿਨ ਗਰਮ ਮੌਸਮ ਨੂੰ ਧਿਆਨ ਵਿਚ ਰੱਖਦਿਆਂ ਆਸ਼ਾ ਵਰਕਰਾਂ ਨੂੰ ਵੀ ਵੋਟ ਕੇਦਰਾਂ 'ਤੇ ਤੈਨਾਤ ਕੀਤਾ ਜਾਵੇਗਾ ਤਾਂ ਜੋ ਕਿਸੇ ਪੋਲਿੰਗ ਸਟਾਫ ਜਾਂ ਬੂਥ 'ਤੇ ਆਏ ਵੋਟਰ ਦੀ ਸਿਹਤ ਨਾਸਾਜ਼ ਹੋਣ 'ਤੇ ਉਨ੍ਹਾਂ ਦੀ ਤੁਰੰਤ ਸਹਾਇਤਾ ਕੀਤੀ ਜਾ ਸਕੇ। ਉਨਾਂ ਦੱਸਿਆ ਕਿ ਆਸ਼ਾ ਵਰਕਰਾਂ ਨੂੰ ਵੀ ਮਿਡ ਡੇ ਮੀਲ ਵਰਕਰਾਂ ਦੀ ਤਰਜ਼ 'ਤੇ 200 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਮਾਣ ਭੱਤਾ ਦਿੱਤਾ ਜਾਵੇਗਾ ਅਤੇ ਇਹ ਮਾਣ ਭੱਤਾ ਦੇਣ ਲਈ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ-ਕਮ-ਡਿਪਟੀ ਕਮਿਸ਼ਨਰਾਂ ਨੂੰ ਪੱਤਰ ਜਾਰੀ ਕੀਤਾ ਜਾ ਚੁੱਕਾ ਏ।

---------------------------------------------------------

ਪੰਜਾਬ ਵਿਚ ਲੋਕਸਭਾ ਚੋਣਾਂ ਸਤਵੇਂ ਤੇ ਆਖਰੀ ਗੇੜ ਵਿਚ ਹੋਣ ਕਾਰਣ ਸੂਬੇ ਵਿਚ ਚੋਣ ਸਰਗਰਮੀਆਂ ਮੱਠੀ ਰਫਤਾਰ ਨਾਲ ਚਲਦਿਆਂ ਰਹੀਆਂ। ਵੱਖ ਵੱਖ ਪਾਰਟੀਆਂ ਦੇ ਸਥਾਨਕ ਸਿਆਸੀ ਆਗੂ ਹੀ ਆਪਣੇ ਪੱਧਰ ਤੇ ਲੋਕਾਂ ਨੂੰ ਆਪਣੇ ਹੱਕ ਵਿਚ ਕਰਨ ਦੀ ਪੂਰੀ ਵਾਹ ਲਗਾਉਂਦੇ ਰਹੇ ਪਰ ਹੁਣ ਨਾਮਜ਼ਦਗੀਆਂ ਦਾ ਸਿਲਸਿਲਾ ਮੁਕੰਮਲ ਹੋਣ ਮਗਰੋਂ ਕੌਮੀ ਆਗੂਆਂ

ਦੀਆਂ ਫੇਰੀਆਂ ਨਾਲ ਚੋਣ ਸਰਗਰਮੀਆਂ ਵਿਚ ਤੇਜੀ ਆਵੇਗੀ। *ਵੇਰਵੇ ਨਾਲ ਇਹ ਰਿਪੋਰਟ:ਡਿਸਪੈਚ: ਲੋਕਸਭਾ ਚੋਣਾਂ ਨੂੰ ਲੈ ਕੇ ਆਉਂਦੇ ਦਿਨਾਂ ਵਿਚ ਕਈ ਵੱਡੇ ਸਿਆਸਤਦਾਨਾਂ ਦੀ ਆਮਦ ਸੂਬੇ ਵਿਚ ਹੋਣ ਜਾ ਰਹੀ ਏ। ਜਿਸ ਨਾਲ ਚੋਣ ਪ੍ਰਚਾਰ ਮੁਹਿੰਮ ਆਪਣੇ ਸਿਖਰ ਤੇ ਹੋਵੇਗੀ। ਇਸ ਦੌਰਾਨ ਰੋਡ ਸ਼ੋ, ਸਿਆਸੀ ਰੈਲੀਆਂ ਤੇ ਨੁਕੜ ਸਭਾਵਾਂ ਵੇਖਣ ਨੂੰ ਮਿਲਣਗੀਆਂ। ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਅਮਿਤ ਸ਼ਾਹ ਤੇ ਭਾਜਪਾ ਦੇ ਕੌਮੀ ਪ੍ਰਧਾਨ ਜੇ ਪੀ ਨੱਡਾ ਸਮੇਤ ਕਈ ਹੋਰ ਵੱਡੇ ਆਗੂ ਪੰਜਾਬ ਦੀਆਂ ਫੇਰੀਆਂ ਕਰਨਗੇ। ਕਾਂਗਰਸ ਪਾਰਟੀ ਵਲੋਂ ਵੀ ਪਾਰਟੀ ਪ੍ਰਧਾਨ ਮਲਿਕਾਰਜੁਨ ਖਰਗੇ, ਰਾਹੁਲ ਗਾਂਧੀ ਤੇ ਪ੍ਰਿਯੰਕਾ ਗਾਂਧੀ ਸਮੇਤ ਹੋਰ ਆਗੂ ਸੂਬੇ ਦੇ ਸਿਆਸੀ ਮਾਹੌਲ ਨੂੰ ਭਖਾਉਣਗੇ। ਏਧਰ ਇਸੇ ਲੜੀ ਵਿਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਭਲਕੇ ਅੰਮ੍ਰਿਤਸਰ ਆ ਰਹੇ ਨੇ ਜਿਥੇ ਉਹ ਰੋਡ ਸ਼ੋ ਵਿਚ ਹਿੱਸਾ ਲੈਣ ਤੋਂ ਅਲਾਵਾ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਵਿਖੇ ਵੀ ਨਤ ਮਸਤਕ ਹੋਣਗੇ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ*

*ਬਾਦਲ ਸਮੇਤ ਪਾਰਟੀ ਦੇ ਹੋਰ ਨੇਤਾ ਪਿਛਲੇ ਕਈ ਦਿਨਾਂ ਤੋਂ ਵੋਟਰਾਂ ਤਕ ਪਹੁੰਚ ਕਰ ਰਹੇ ਨੇ ਜਦਕਿ ਬਹੁਜਨ ਸਮਾਜ ਪਾਰਟੀ ਅਤੇ ਖੱਬੇ ਪੱਖੀ ਪਾਰਟੀਆਂ ਦੇ ਆਗੂ ਵੀ ਸੂਬੇ ਦਾ ਦੌਰਾ ਕਰਨਗੇ। ਇਸ ਨਾਲ ਜਿਥੇ ਮੌਸਮੀ ਗਰਮੀ ਸਿਖਰ ਤੇ ਹੋਵੇਗੀ ਉਥੇ ਹੀ ਸਿਆਸੀ ਤਾਪਮਾਨ ਵੀ ਵਧੇਗਾ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।*

---

ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਵਿਰੋਧੀਆਂ ਨੇ ਕਿਸਾਨਾਂ ਨੂੰ ਆਪਣਾ ਮੋਹਰਾ ਬਣਾਇਆ ਏ ਅਤੇ ਕਿਸਾਨਾਂ ਦਾ ਸਿਆਸੀ ਇਸਤੇਮਾਲ ਕੀਤਾ ਜਾ ਰਿਹਾ ਏ। ਚੰਡੀਗੜ੍ਹ ਵਿਚ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਸੂਬੇ ਦੀਆਂ ਮੰਡੀਆਂ ਵਿਚ ਇਕ ਕਰੋੜ 30 ਲੱਖ ਟਨ ਕਣਕ ਆ ਚੁਕੀ ਏ ਅਤੇ ਇਸ ਦੀ ਖਰੀਦ ਘਟੋ ਘੱਟ ਸਮਰਥਨ ਮੂਲ ਤੇ ਕੀਤੀ ਗਈ ਏ। ਸੁਨੀਲ ਜਾਖੜ ਨੇ ਕਿਹਾ ਕਿ 2014 ਵਿਚ ਕਣਕ ਤੇ ਝੋਨੇ ਲਈ 32 ਹਜ਼ਾਰ 211 ਕਰੋੜ ਰੁਪਏ ਸਨ ਜਦਕਿ 2023 ਅਤੇ 2024 ਵਿਚ ਇਹ ਰਕਮ ਵੱਧ

ਕੇ 70 ਹਜ਼ਾਰ 385 ਕਰੋੜ ਰੁਪਏ ਹੋ ਗਈ । ਉਨਾਂ ਕਿਹਾ ਕਿ ਇਸ ਤਰ੍ਹਾਂ ਆਮਦਨ ਦੁਗਣੀ ਹੋਈ ਏ ਅਤੇ ਇਹ ਸਬ ਕਿਸਾਨਾਂ ਦੀ ਸਖਤ ਮਿਹਨਤ ਦਾ ਹੀ ਰੰਗ ਏ। ਉਨਾਂ ਕਿਹਾ ਕਿ ਪਿਛਲੇ ਦੱਸ ਵਰ੍ਹਿਆਂ ਤੋਂ ਐਮ ਐਸ ਪੀ ਦਾ ਭੁਗਤਾਨ ਬਿਨਾ ਰੁਕਾਵਟ ਕੀਤਾ ਜਾ ਰਿਹਾ ਏ ਪਰ ਕਿਸਾਨ ਅਜੇ ਵੀ ਧਰਨਿਆਂ ਤੇ ਬੈਠੇ ਹੋਏ ਨੇ।

---------------------------------------------------------

ਟੂ ਪੰਜਾਬ ਐੱਨ ਸੀ ਸੀ ਬਟਾਲੀਅਨ ਦੇ ਵੱਖ ਵੱਖ ਵਰਗਾਂ ਵਿੱਚ ਵਧੀਆ ਕਾਰਗੁਜਾਰੀ ਦਿਖਾਉਣ ਵਾਲੇ ਕੈਡਿਟਾਂ ਦਾ ਕਲ ਜਲੰਧਰ ਵਿਚ ਸਨਮਾਨ ਕੀਤਾ ਗਿਆ । ਬਟਾਲੀਅਨ ਕਮਾਂਡਰ ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ ਲਾਇਲਪੁਰ ਖ਼ਾਲਸਾ ਕਾਲਜ ਦੇ ਅੰਡਰ ਅਫ਼ਸਰ ਲਵਪ੍ਰੀਤ ਸਿੰਘ ਅਤੇ ਸਾਰਜੈਂਟ ਗੁੜੀਆ ਵਰਮਾ, ਡੀ ਏ ਵੀ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਕਾਲਜ ਦੇ ਕੈਡਿਟ ਸ਼ਗੁਨ ਅਤੇ ਸਟੇਟ ਪਬਲਿਕ ਸਕੂਲ ਦੇ ਕੈਡਿਟ ਅਭਿਸ਼ੇਕ ਕੌਸ਼ਲ ਨੂੰ ਬਟਾਲੀਅਨ ਨੇ ਟਰੈਕ ਸੂਟ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਗੁੜੀਆ ਵਰਮਾ ਨੂੰ ਸਮਾਜਿਕ ਖੇਤਰ ਵਿੱਚ ਕੀਤੀ ਗਈ ਸੇਵਾ ਲਈ ਅਤੇ ਬਾਕੀ ਕੈਡਿਟਸ ਨੂੰ ਥਲ ਸੈਨਾ

ਕੈਂਪ ਨਵੀਂ ਦਿੱਲੀ ਵਿਖੇ ਕੀਤੇ ਸ਼ਾਨਦਾਰ ਪ੍ਰਦਰਸ਼ਨ ਲਈ ਇਹ ਸਨਮਾਨ ਦਿੱਤੇ ਗਏ। ਖ਼ਾਲਸਾ ਕਾਲਜ ਦੇ ਅਸੋਸੀਏਟ ਐੱਨ ਸੀ ਸੀ ਅਫ਼ਸਰ ਲੈਫਟੀਨੈਂਟ ਕਰਨਬੀਰ ਸਿੰਘ ਅਤੇ ਲੈਫਟੀਨੈਂਟ ਹਰਭਜਨ ਸਿੰਘ ਵੀ ਇਸ ਮੌਕੇ ਮੌਜੂਦ ਰਹੇ। ਕੈਡਿਟਾਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਰਨਲ ਜੋਸ਼ੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਭਾਰਤੀ ਸੈਨਾ ਵਿੱਚ ਕਮਿਸ਼ਨ ਪ੍ਰਾਪਤ ਕਰਨ ਲਈ ਐਨ ਸੀ ਸੀ ਬਹੁਤ ਮਦਦਗਾਰ ਸਾਬਤ ਹੁੰਦੀ ਏ। ਇਸ ਸਨਮਾਨ ਤੇ ਇਨਾਂ ਕੈਡਿਟਾਂ ਨੇ ਖੁਸ਼ੀ ਦਾ ਇਜਹਾਰ ਕੀਤਾ।

---------------------------------------------------------------

ਦੂਜੇ ਲਾਹੌਰ ਸਾਜਿਸ਼ ਕੇਸ ਵਿੱਚ ਸ਼ਹੀਦ ਭਗਤ ਸਿੰਘ ਤੇ ਰਾਜਗੁਰੂ ਨਾਲ 23 ਮਾਰਚ 1931 ਨੂੰ ਸੈਂਟਰਲ ਜੇਲ੍ਹ ਲਾਹੌਰ ਵਿੱਚ ਫਾਂਸੀ ਚੜ੍ਹੇ ਸ਼ਹੀਦ ਸੁਖਦੇਵ ਦੇ 117ਵੇਂ ਜਨਮ ਦਿਨ ਮੌਕੇ ਲੁਧਿਆਣਾ ਸ਼ਹਿਰ ਦੇ ਅੰਦਰੂਨ ਮੁਹੱਲਾ ਨੌ ਘਰਾ ਵਿਖੇ ਅੱਜ ਉਨ੍ਹਾਂ ਦੇ ਜਨਮ ਸਥਾਨ ਤੇ ਅਸ਼ੋਕ ਥਾਪਰ ਦੀ ਅਗਵਾਈ ਵਿੱਚ ਜਨਮ ਦਿਹਾੜਾ ਮਨਾਇਆ ਗਿਆ। ਸਮਾਜ ਦੇ ਵੱਖ ਵੱਖ ਵਰਗਾਂ ਦੇ ਲੋਕਾਂ ਤੋਂ ਅਲਾਵਾ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ

ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ, ਨੁੱਕੜ ਨਾਟਕ ਤੇ ਭਾਸ਼ਣ ਰਾਹੀਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਨੌਘਰਾ ਵਾਸੀ ਤੇ ਸ਼ਹੀਦ ਸੁਖਦੇਵ ਦੇ ਪਰਿਵਾਰਕ ਸਬੰਧੀ ਅਸ਼ੋਕ ਥਾਪਰ ਨੇ ਦੱਸਿਆ ਕਿ ਸ਼ਹੀਦ ਸੁਖਦੇਵ ਥਾਪਰ ਦਾ ਜਨਮ ਲੁਧਿਆਣਾ ਵਿੱਚ ਰਾਮ ਲਾਲ ਥਾਪਰ ਅਤੇ ਰੱਲੀ ਦੇਵੀ ਦੇ ਘਰ 15 ਮਈ 1907 ਨੂੰ ਹੋਇਆ ਸੀ। ਭਗਤ ਸਿੰਘ ਦੇ ਦਾਦਾ ਅਰਜਨ ਸਿੰਘ ਨਾਲ ਥਾਪਰ ਪਰਿਵਾਰ ਦੀ ਨੇੜਤਾ ਕਾਰਨ ਹੀ ਸ਼ਹੀਦ ਸੁਖਦੇਵ ਤੇ ਸ਼ਹੀਦ ਭਗਤ ਸਿੰਘ ਦਾ ਬਚਪਨ ਤੋਂ ਜਵਾਨੀ ਤਕ ਸਾਰਾ ਜੀਵਨ ਫਾਂਸੀ ਚੜ੍ਹਨ ਤਕ ਇਕੱਠਾ ਬੀਤਿਆ। ਪੰਜਾਬੀ ਲੇਖਕ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਸ਼ਹੀਦ ਸੁਖਦੇਵ ਦੇ ਸੁਪਨਿਆਂ ਦਾ ਭਾਰਤ ਉਸਾਰਨ ਲਈ ਸਭ ਧਿਰਾਂ ਨੂੰ ਵਖਰੇਵਿਆਂ ਤੋਂ ਉੱਪਰ ਉੱਠ ਕੇ ਯਤਨ ਕਰਨ ਦੀ ਜਰੂਰਤ ਏ। ਇਸ ਮੌਕੇ ਇਕ ਖੂਨਦਾਨ ਕੈਮ੍ਪ ਵੀ ਲਗਾਇਆ ਗਿਆ।

---------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਪੋਡਕਾਸਟ ਦੇ ਚੌਥੇ ਐਪੀਸੋਡ ਵਿਚ ਕੇ.ਵਾਈ.ਸੀ, ਸਕਸ਼ਮ, ਵੋਟਰ ਹੈਲਪਲਾਈਨ ਅਤੇ ਚੋਣ ਕਮਿਸ਼ਨ ਦੇ ਵੱਖ-ਵੱਖ ਮੋਬਾਇਲ ਐਪਾਂ ਬਾਰੇ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ ਏ।
- ਚੋਣ ਡਿਊਟੀ ਕਰਨ ਵਾਲੀਆਂ ਪੰਜਾਬ ਦੀਆਂ ਮਿਡ ਡੇ ਮੀਲ ਅਤੇ ਆਸ਼ਾ ਵਰਕਰਾਂ ਨੂੰ 200 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਮਾਣ ਭੱਤਾ ਦਿੱਤਾ ਜਾਵੇਗਾ।
- ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਵਿਰੋਧੀਆਂ ਤੇ ਕਿਸਾਨਾਂ ਨੂੰ ਆਪਣਾ ਮੋਹਰਾ ਬਣਾ ਕੇ ਸਿਆਸੀ ਇਸਤੇਮਾਲ ਕਰਨ ਦਾ ਦੋਸ਼ ਲਗਾਇਆ।
- ਸ਼ਹੀਦ ਸੁਖਦੇਵ ਨੂੰ ਉਨਾਂ ਦੇ 117ਵੇਂ ਜਨਮ ਦਿਨ ਮੌਕੇ ਨਿੱਘੀਆਂ ਸ਼ਰਧਾਂਜਲੀਆਂ ਭੇਂਟ।